# ਪੰਜਾਬ ਵਿਧਾਨ ਸਭਾ

## ਤੇਰ੍ਹਵਾਂ ਸਮਾਗਮ

## ਨਿਸ਼ਾਨ ਵਾਲੇ ਪ੍ਰਸ਼ਨ

## 27 ਅਕਤੂਬਰ 2026

----

ਕੁੱਲ ਪ੍ਰਸ਼ਨ 20

----

### ਬੇਸਹਾਰਾ ਅਤੇ ਮਾਨਸਿਕ ਤੌਰ ਤੇ ਅਸਮਰੱਥ ਵਿਅਕਤੀਆਂ ਦੀ ਸੁਰੱਖਿਆ  ਦਾ ਪ੍ਰਬੰਧ ਕਰਨਾ

***1911 ਸ਼੍ਰੀ ਬਲਕਾਰ ਸਿੰਘ ਸਿੱਧੂ (ਰਾਮਪੁਰਾ ਫੂਲ):**

**ਸੈਰ-ਸਪਾਟਾ ਅਤੇ ਸੱਭਿਆਚਾਰਕ ਮਾਮਲੇ, ਕਿਰਤ, ਪ੍ਰਾਹੁਣਚਾਰੀ, ਪੇਂਡੂ ਵਿਕਾਸ ਅਤੇ ਪੰਚਾਇਤਾਂ, ਬਿਜਲੀ ਵਿਭਾਗ :-**

ਕੀ ਕਿਰਤ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

**ੳ)** ਕੀ ਇਹ ਠੀਕ ਹੈ ਕਿ ਪੰਜਾਬ ਦੇ ਸਰਹੱਦੀ (ਬਾਰਡਰ) ਇਲਾਕਿਆਂ ਸਮੇਤ ਹੋਰ ਖੇਤਰਾਂ ਵਿੱਚ ਮੰਦਬੁੱਧੀ, ਮਾਨਸਿਕ ਤੌਰ ਤੇ ਅਸਮਰੱਥ ਜਾਂ ਬੇਸਹਾਰਾ ਵਿਅਕਤੀਆਂ ਨੂੰ ਗੈਰ-ਕਾਨੂੰਨੀ ਢੰਗ ਨਾਲ ਬੰਦੀ ਬਣਾ ਕੇ ਬੰਧੂਆ ਮਜ਼ਦੂਰ ਵਜੋਂ ਕੰਮ ਕਰਵਾਉਣ ਦੀਆਂ ਘਟਨਾਵਾਂ ਸਾਹਮਣੇ ਆ ਰਹੀਆਂ ਹਨ; ਜੇਕਰ ਹਾਂ ਤਾਂ ਪਿਛਲੇ ਤਿੰਨ ਸਾਲਾਂ ਦੌਰਾਨ ਅਜਿਹੇ ਕਿੰਨੇ ਮਾਮਲੇ ਸਰਕਾਰ ਦੇ ਧਿਆਨ ਵਿੱਚ ਆਏ ਹਨ;

**ਅ)** ਇਨ੍ਹਾਂ ਮਾਮਲਿਆਂ ਵਿੱਚ ਕਿੰਨੇ ਵਿਅਕਤੀਆਂ ਨੂੰ ਰਿਹਾਅ ਕਰਵਾਇਆ ਗਿਆ ਅਤੇ ਕਿੰਨੇ ਦੋਸ਼ੀਆਂ ਵਿਰੁੱਧ ਐਫ.ਆਈ.ਆਰ. ਦਰਜ ਕਰਕੇ ਕਾਨੂੰਨੀ ਕਾਰਵਾਈ ਕੀਤੀ ਗਈ;

**ੲ)** ਅਜਿਹੇ ਬੇਸਹਾਰਾ ਅਤੇ ਮਾਨਸਿਕ ਤੌਰ 'ਤੇ ਅਸਮਰੱਥ ਵਿਅਕਤੀਆਂ ਦੀ ਸੁਰੱਖਿਆ, ਪੁਨਰਵਾਸ ਅਤੇ ਭਵਿੱਖ ਵਿੱਚ ਇਸ ਤਰ੍ਹਾਂ ਦੀਆਂ ਘਟਨਾਵਾਂ ਨੂੰ ਰੋਕਣ ਲਈ ਸਰਕਾਰ ਵੱਲੋਂ ਕਿਹੜੇ ਠੋਸ ਕਦਮ ਚੁੱਕੇ ਜਾ ਰਹੇ ਹਨ?

----

### ਫਿਲੌਰ ਹਲਕੇ ਦੇ ਸਰਕਾਰੀ ਸਕੂਲਾਂ ਦੇ ਵੇਰਵੇ

***1987 ਸ਼੍ਰੀ ਵਿਕਰਮਜੀਤ ਸਿੰਘ ਚੌਧਰੀ (ਫਿਲੌਰ):**

**ਤਕਨੀਕੀ ਸਿੱਖਿਆ ਅਤੇ ਉਦਯੋਗਿਕ ਸਿਖਲਾਈ ਵਿਭਾਗ, ਉੱਚ ਸਿੱਖਿਆ ਅਤੇ ਭਾਸ਼ਾ, ਸਕੂਲ ਸਿੱਖਿਆ,ਸੂਚਨਾ ਅਤੇ ਲੋਕ ਸੰਪਰਕ, ਸਥਾਨਕ ਸਰਕਾਰਾਂ ਵਿਭਾਗ :-**

ਕੀ ਸਿੱਖਿਆ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

**ੳ)** ਕੀ ਫਿਲੌਰ ਹਲਕੇ ਦੇ ਸਰਕਾਰੀ ਪ੍ਰਾਇਮਰੀ, ਮਿਡਲ, ਹਾਈ ਅਤੇ ਸੀਨੀਅਰ ਸੈਕੰਡਰੀ ਸਕੂਲਾਂ ਵਿੱਚ ਮਨਜ਼ੂਰਸ਼ੁਦਾ ਅਸਾਮੀਆਂ ਦੇ ਮੁਕਾਬਲੇ ਅਧਿਆਪਕਾਂ ਅਤੇ ਹੋਰ ਕਰਮਚਾਰੀਆਂ ਦੀ ਲੋੜੀਂਦੀ ਗਿਣਤੀ ਪੂਰੀ ਹੈ; ਸਕੂਲ-ਵਾਰ ਵੇਰਵਾ ਦਿੱਤਾ ਜਾਵੇ;

**ਅ)** ਕੀ ਇਹ ਵੀ ਠੀਕ ਹੈ ਕਿ ਪਿਛਲੇ ਇੱਕ ਹਫਤੇ ਦੌਰਾਨ ਫਿਲੌਰ ਵਿਧਾਨ ਸਭਾ ਹਲਕੇ ਦੇ ਸਰਕਾਰੀ ਸਕੂਲਾਂ ਵਿੱਚੋਂ ਵੱਡੀ ਗਿਣਤੀ ਵਿੱਚ ਅਧਿਆਪਕਾਂ ਦੇ ਤਬਾਦਲੇ ਕੀਤੇ ਗਏ ਹਨ; ਜੇਕਰ ਹਾਂ ਤਾਂ ਸਕੂਲ-ਵਾਰ ਕਿੰਨੇ ਅਧਿਆਪਕਾਂ ਦੇ ਤਬਾਦਲੇ ਕੀਤੇ ਗਏ ਅਤੇ ਉਨ੍ਹਾਂ ਦੀ ਥਾਂ ਕਿੰਨੇ ਨਵੇਂ ਅਧਿਆਪਕ ਤਾਇਨਾਤ ਕੀਤੇ ਗਏ ਹਨ;

**ੲ)** ਜੇਕਰ ਨਵੇਂ ਅਧਿਆਪਕ ਤਾਇਨਾਤ ਨਹੀਂ ਕੀਤੇ ਗਏ, ਤਾਂ ਇਸ ਦੇ ਕੀ ਕਾਰਨ ਹਨ ਅਤੇ ਸਰਕਾਰ ਇਨ੍ਹਾਂ ਅਸਾਮੀਆਂ ਨੂੰ ਕਦੋਂ ਤੱਕ ਭਰੇਗੀ;

**ਸ)** ਕੀ ਸਰਕਾਰ ਵੱਲੋਂ ਸਪੈਸ਼ਲ ਇੰਟੈਂਸਿਵ ਰਿਵਿਜ਼ਨ (SIR) ਡਿਊਟੀ 'ਤੇ ਲਗਾਏ ਗਏ ਅਧਿਆਪਕਾਂ ਨੂੰ ਡਿਊਟੀ ਦੌਰਾਨ ਆਪਣੇ ਸਕੂਲਾਂ ਵਿੱਚ ਹਾਜ਼ਰ ਨਾ ਹੋਣ ਦੇ ਨਿਰਦੇਸ਼ ਦਿੱਤੇ ਗਏ ਹਨ; ਜੇਕਰ ਹਾਂ ਤਾਂ ਅਜਿਹੇ ਅਧਿਆਪਕਾਂ ਦੀ ਸਕੂਲ-ਵਾਰ ਗਿਣਤੀ ਅਤੇ ਵਿਦਿਆਰਥੀਆਂ ਦੀ ਪੜ੍ਹਾਈ ਪ੍ਰਭਾਵਿਤ ਨਾ ਹੋਵੇ ਇਸ ਲਈ ਕੀ ਬਦਲਵੇਂ ਪ੍ਰਬੰਧ ਕੀਤੇ ਗਏ ਹਨ;

**ਹ)** ਜੇਕਰ ਉਪਰੋਕਤ ਭਾਗਾਂ (ੳ) ਤੋਂ (ਸ) ਦਾ ਉੱਤਰ ਹਾਂ ਵਿੱਚ ਹੋਵੇ ਤਾਂ ਫਿਲੌਰ ਹਲਕੇ ਦੇ ਸਕੂਲਾਂ ਵਿੱਚ ਲੋੜੀਂਦਾ ਸਟਾਫ ਕਦੋਂ ਤੱਕ ਮੁਹੱਈਆ ਕਰਵਾ ਦਿੱਤਾ ਜਾਵੇਗਾ ?

----

## ਸਿਵਲ ਹਸਪਤਾਲ, ਰਾਹੋਂ ਦੀ ਸੇਵਾਵਾਂ ਨੂੰ 24 ਘੰਟੇ ਕਰਨ ਬਾਰੇ

***2035 ਡਾ. ਨਛੱਤਰ ਪਾਲ (ਨਵਾਂ ਸ਼ਹਿਰ ):**

**ਸਿਹਤ ਅਤੇ ਪਰਿਵਾਰ ਭਲਾਈ ਵਿਭਾਗ, ਮੈਡੀਕਲ ਸਿੱਖਿਆ ਅਤੇ ਖੋਜ, ਚੋਣ** ਕੀ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਸਿਵਲ ਹਸਪਤਾਲ, ਰਾਹੋਂ (ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ) ਦੀਆਂ ਸੇਵਾਵਾਂ ਨੂੰ 24 ਘੰਟੇ ਕਰਨ ਦੀ ਕੋਈ ਤਜਵੀਜ਼ ਸਰਕਾਰ ਦੇ ਵਿਚਾਰ ਅਧੀਨ ਹੈ; ਜੇਕਰ ਹੈ ਤਾਂ ਕਦੋਂ ਤੱਕ; ਵੇਰਵੇ ਸਹਿਤ ਦੱਸਿਆ ਜਾਵੇ?

----

## ਦੇਵੀਗੜ੍ਹ ਵਿਖੇ ਨਵੀਂ ਅਨਾਜ ਮੰਡੀ ਬਣਾਉਣਾ

***2042 ਸ. ਹਰਮੀਤ ਸਿੰਘ ਪਠਾਣਮਾਜਰਾ ( ਸਨੌਰ):**

**ਖੇਤੀਬਾੜੀ ਵਿਭਾਗ, ਪਸ਼ੂ ਪਾਲਣ, ਡੇਅਰੀ ਵਿਕਾਸ ਅਤੇ ਮੱਛੀ ਪਾਲਣ ਵਿਭਾਗ** ਕੀ ਖੇਤੀਬਾੜੀ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਬਰਸਾਤ ਦੇ ਮੌਸਮ ਦੌਰਾਨ ਕਿਸਾਨਾਂ ਦੀ ਫ਼ਸਲ ਦੀ ਹੁੰਦੀ ਖਰਾਬੀ ਦੇ ਮੱਦੇ ਨਜ਼ਰ ਕੀ ਸਰਕਾਰ ਦੇਵੀਗੜ੍ਹ ਵਿਖੇ ਨਵੀਂ ਅਨਾਜ ਮੰਡੀ ਬਣਾਉਣ ਅਤੇ ਇਸ ਵਿੱਚ ਚਾਰ-ਪੰਜ ਏਕੜ ਵਿੱਚ ਸ਼ੈੱਡ ਪਾਉਣ ਦਾ ਵਿਚਾਰ ਰੱਖਦੀ ਹੈ; ਜੇਕਰ ਹਾਂ ਤਾਂ ਕਦੋਂ ਤੱਕ?

----

## ਬਰਕਤਵਾ ਮਾਈਨਰ, ਤਰੋਬੜੀ ਮਾਈਨਰ ਅਤੇ ਰੋੜਾਂ ਵਾਲੀ ਮਾਈਨਰ ਦੀ ਮੌਜੂਦਾ ਸਥਿਤੀ

***2044 ਸ਼੍ਰੀ ਜਗਦੀਪ ਕੰਬੋਜ਼ ਗੋਲਡੀ ( ਜਲਾਲਾਬਾਦ):**

**ਖਾਣਾਂ ਅਤੇ ਭੂ-ਵਿਗਿਆਨ, ਜਲ ਸਰੋਤ ,ਭੂਮੀ ਅਤੇ ਪਾਣੀ ਸੰਭਾਲ ਵਿਭਾਗ :-**

ਕੀ ਜਲ ਸਰੋਤ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

ੳ) ਬਰਕਤਵਾ ਮਾਈਨਰ, ਤਰੋਬੜੀ ਮਾਈਨਰ ਅਤੇ ਰੋੜਾਂ ਵਾਲੀ ਮਾਈਨਰ ਡਿਸਟ੍ਰੀਬਿਊਟਰੀ ਦੇ ਨਿਰਮਾਣ/ਮੁਰੰਮਤ ਦੀ ਮੌਜੂਦਾ ਸਥਿਤੀ ਕੀ ਹੈ;

ਅ) ਇਸ ਪ੍ਰੋਜੈਕਟ ਤੇ ਕੁੱਲ ਕਿੰਨੀ ਲਾਗਤ ਆਉਣ ਦਾ ਅਨੁਮਾਨ ਹੈ ਅਤੇ ਹੁਣ ਤੱਕ ਕਿੰਨਾਂ ਫੰਡ ਜਾਰੀ ਕੀਤਾ ਜਾ ਚੁੱਕਿਆ ਹੈ;

ੲ) ਇਹ ਕੰਮ ਕਦੋਂ ਤੱਕ ਮੁਕੰਮਲ ਕਰਕੇ ਇਲਾਕੇ ਦੇ ਕਿਸਾਨਾਂ ਲਈ ਪਾਣੀ ਦੀ ਸਪਲਾਈ ਸ਼ੁਰੂ ਕਰ ਦਿੱਤੀ ਜਾਵੇਗੀ ?

----

**ਹਲਕਾ ਬਾਬਾ ਬਕਾਲਾ ਸਾਹਿਬ ਦੇ ਸਬ-ਡਵੀਜ਼ਨ ਬਿਆਸ ਅਧੀਨ ਆਉਂਦੇ ਸਰਕਾਰੀ ਦਫਤਰਾਂ ਲਈ ਬਿਲਡਿੰਗ ਬਣਾਉਣਾ**

***2039 ਸ. ਦਲਬੀਰ ਸਿੰਘ (ਬਾਬਾ ਬਕਾਲਾ):**

**ਮਾਲ, ਮੁੜ ਵਸੇਬਾ ਅਤੇ ਆਫ਼ਤ ਪ੍ਰਬੰਧਨ, ਜਲ ਸਪਲਾਈ ਅਤੇ ਸੈਨੀਟੇਸ਼ਨ,ਹਾਊਸਿੰਗ ਅਤੇ ਸ਼ਹਿਰੀ ਵਿਕਾਸ :-**

ਕੀ ਮਾਲ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ: -

ੳ) ਕੀ ਇਹ ਠੀਕ ਹੈ ਕਿ ਹਲਕਾ ਬਾਬਾ ਬਕਾਲਾ ਸਾਹਿਬ ਦੇ ਸਬ-ਡਵੀਜਨ ਬਿਆਸ ਦੇ ਅਧੀਨ ਆਉਂਦੇ ਦਫਤਰ ਰਈਆ, ਬਾਬਾ ਬਕਾਲਾ ਅਤੇ ਬਿਆਸ ਵਿਖੇ ਸਰਕਾਰੀ ਦਫਤਰ ਕਿਰਾਏ ਦੀ ਬਿਲਡਿੰਗ ਵਿੱਚ ਚੱਲ ਰਹੇ ਹਨ;

ਅ) ਕੀ ਇਹ ਵੀ ਠੀਕ ਹੈ ਕਿ ਹਲਕੇ ਵਿੱਚ ਉਕਤ ਦਫਤਰਾਂ ਲਈ 4 ਏਕੜ ਜਮੀਨ ਦੀ ਪ੍ਰਪੋਜਲ ਬਣਾ ਕੇ ਦਿੱਤੀ ਜਾ ਚੁੱਕੀ ਹੈ; ਜੇਕਰ ਅਜਿਹਾ ਹੈ ਤਾਂ ਇਸ ਜਮੀਨ ਤੇ ਉਕਤ ਦਫਤਰ ਬਣਾਉਣ ਦੀ ਕੋਈ ਤਜਵੀਜ਼ ਸਰਕਾਰ ਦੇ ਵਿਚਾਰ ਅਧੀਨ ਹੈ; ਵੇਰਵੇ ਸਹਿਤ ਦੱਸਿਆ ਜਾਵੇ?

----

**ਜਿਲ੍ਹਾ ਪ੍ਰੀਸ਼ਦ ਰੋਪੜ ਵਲੋਂ ਪਾਸ ਕੀਤੇ ਮਤੇ ਦਾ ਮੌਜੂਦਾ ਸਟੇਟਸ**

***2024 ਸ਼੍ਰੀ ਦਿਨੇਸ਼ ਕੁਮਾਰ ਚੱਢਾ (ਰੂਪਨਗਰ):**

**ਸੈਰ-ਸਪਾਟਾ ਅਤੇ ਸੱਭਿਆਚਾਰਕ ਮਾਮਲੇ, ਕਿਰਤ, ਪ੍ਰਾਹੁਣਚਾਰੀ, ਪੇਂਡੂ ਵਿਕਾਸ ਅਤੇ ਪੰਚਾਇਤਾਂ, ਬਿਜਲੀ ਵਿਭਾਗ** ਕੀ ਪੇਂਡੂ ਵਿਕਾਸ ਅਤੇ ਪੰਚਾਇਤ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਜਿਲ੍ਹਾ ਪ੍ਰੀਸ਼ਦ ਰੋਪੜ ਵਲੋਂ ਵਾਹਨਾਂ ਤੇ ਇਨਫਰਾਸਟਰਕਚਰ ਟੋਲ ਟੈਕਸ ਲਗਾਉਣ ਲਈ ਪਾਸ ਕੀਤੇ ਗਏ ਮਤੇ ਦਾ ਮੌਜੂਦਾ ਸਟੇਟਸ ਕੀ ਹੈ ਅਤੇ ਇਹ ਕਦੋਂ ਤੱਕ ਲਾਗੂ ਹੋ ਜਾਵੇਗਾ?

----

**ਪੰਜਾਬ ਐਨਰਜੀ ਡਿਵੈਲਪਮੈਂਟ ਏਜੰਸੀ ਵੱਲੋਂ ਪਿੰਡਾਂ ਵਿੱਚ ਸੋਲਰ ਸਟਰੀਟ ਲਾਈਟਾਂ ਲਗਾਉਣ ਦੇ ਵੇਰਵੇ**

***2053 ਸ. ਲਖਬੀਰ ਸਿੰਘ ਰਾਏ ( ਫਤਿਹਗੜ੍ਹ ਸਾਹਿਬ ):**

**ਨਵੇਂ ਅਤੇ ਨਵਿਆਉਣਯੋਗ ਊਰਜਾ ਸਰੋਤ, ਪ੍ਰਿੰਟਿੰਗ ਅਤੇ ਸਟੇਸ਼ਨਰੀ, ਸੁਚੱਜਾ ਪ੍ਰਸ਼ਾਸਨ ਅਤੇ ਸੂਚਨਾ**

**ਤਕਨਾਲੋਜੀ, ਰੋਜ਼ਗਾਰ ਉਤਪਤੀ ਅਤੇ ਸਿਖਲਾਈ , ਉਦਯੋਗ ਅਤੇ ਵਣਜ ਵਿਭਾਗ, ਨਿਵੇਸ਼ ਪ੍ਰੋਮੋਸ਼ਨ ਵਿਭਾਗ :-**

ਕੀ ਨਵੀਂ ਅਤੇ ਨਵਿਆਉਣਯੋਗ ਊਰਜਾ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

ੳ) ਪੰਜਾਬ ਐਨਰਜੀ ਡਿਵੈਲਪਮੈਂਟ ਏਜੰਸੀ (PEDA) ਵੱਲੋਂ ਰਾਜ ਦੇ ਪਿੰਡਾਂ ਵਿੱਚ ਸੋਲਰ ਸਟਰੀਟ ਲਾਈਟਾਂ ਲਗਾਉਣ/ਮੁਹੱਈਆ ਕਰਵਾਉਣ ਸਬੰਧੀ ਕੀ ਕਾਰਵਾਈ ਕੀਤੀ ਜਾ ਰਹੀ ਹੈ;

ਅ) ਜੇਕਰ PEDA ਵੱਲੋਂ ਸੋਲਰ ਸਟਰੀਟ ਲਾਈਟਾਂ ਦੀ ਸਪਲਾਈ ਜਾਂ ਸਥਾਪਨਾ ਵਿੱਚ ਬੇਲੋੜੀ ਦੇਰੀ ਹੁੰਦੀ ਹੈ ਤਾਂ ਕੀ ਇਹ ਕੰਮ ਕਿਸੇ ਹੋਰ ਸਰੋਤ ਜਾਂ ਏਜੰਸੀ ਰਾਹੀਂ ਕਰਵਾਉਣ ਸਬੰਧੀ ਕੋਈ ਤਜਵੀਜ ਸਰਕਾਰ ਦੇ ਵਿਚਾਰ ਅਧੀਨ ਹੈ; ਵੇਰਵੇ ਸਹਿਤ ਦੱਸਿਆ ਜਾਵੇ?

----

## ਨਾਇਕ ਸਮਾਜ ਦੇ ਲੋਕਾਂ ਨੂੰ ਅਨੁਸੂਚਿਤ ਜਾਤੀ ਵਿੱਚ ਸ਼ਾਮਲ ਕਰਨਾ

***2073 ਸ. ਨਰਿੰਦਰਪਾਲ ਸਿੰਘ ਸਵਨਾ (ਫਾਜ਼ਿਲਕਾ):**

**ਸਮਾਜਿਕ ਨਿਆਂ, ਸਸ਼ਕਤੀਕਰਨ ਅਤੇ ਘੱਟ ਗਿਣਤੀਆਂ, ਸਮਾਜਿਕ ਸੁਰੱਖਿਆ, ਮਹਿਲਾ ਅਤੇ ਬਾਲ ਵਿਕਾਸ**

ਕੀ ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਇਹ ਠੀਕ ਹੈ ਕਿ ਪੰਜਾਬ ਵਿੱਚ ਵਸਦੇ ਨਾਇਕ ਸਮਾਜ ਦੇ ਲੋਕਾਂ ਦੀ ਬਹੁਤ ਸਮੇਂ ਤੋਂ ਮੰਗ ਹੈ ਕਿ ਉਨ੍ਹਾਂ ਨੂੰ ਅਨੁਸੂਚਿਤ ਜਾਤੀ ਵਿੱਚ ਸ਼ਾਮਲ ਕੀਤਾ ਜਾਵੇ; ਜੇਕਰ ਅਜਿਹਾ ਹੋਵੇ ਤਾਂ ਕੀ ਨਾਇਕ ਸਮਾਜ ਨੂੰ ਅਨੁਸੂਚਿਤ ਜਾਤੀ ਵਿੱਚ ਸ਼ਾਮਲ ਕਰਨ ਸਬੰਧੀ ਕੋਈ ਤਜਵੀਜ਼ ਸਰਕਾਰ ਦੇ ਵਿਚਾਰ ਅਧੀਨ ਹੈ; ਜੇਕਰ ਹੈ ਤਾਂ ਇਸ ਦੀ ਮੌਜੂਦਾ ਸਥਿਤੀ ਕੀ ਹੈ?

----

## ਸਰਕਾਰੀ ਮੈਡੀਕਲ ਕਾਲਜ, ਫਰੀਦਕੋਟ ਵਿਖੇ ਰੀਜਨਲ ਕੈਮੀਕਲ ਐਗਜ਼ਾਮੀਨਰ ਲੈਬੋਰਟਰੀ ਦੀ ਉਸਾਰੀ ਕਰਨਾ

***2019 ਸ. ਗੁਰਦਿੱਤ ਸਿੰਘ (ਫਰੀਦਕੋਟ):**

**ਸਿਹਤ ਅਤੇ ਪਰਿਵਾਰ ਭਲਾਈ ਵਿਭਾਗ, ਮੈਡੀਕਲ ਸਿੱਖਿਆ ਅਤੇ ਖੋਜ, ਚੋਣ :-**

ਕੀ ਮੈਡੀਕਲ ਸਿੱਖਿਆ ਅਤੇ ਖੋਜ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

ੳ) ਕੀ ਸਰਕਾਰੀ ਮੈਡੀਕਲ ਕਾਲਜ, ਪਟਿਆਲਾ, ਅੰਮ੍ਰਿਤਸਰ ਅਤੇ ਫ਼ਰੀਦਕੋਟ ਵਿਖੇ ਕੈਮੀਕਲ ਐਗਜ਼ਾਮੀਨਰ ਲੈਬੋਰਟਰੀਆਂ ਸਥਾਪਤ ਕਰਨ ਦੀ ਕੋਈ ਤਜਵੀਜ਼ ਸਰਕਾਰ ਦੇ ਵਿਚਾਰ ਅਧੀਨ ਹੈ ਜਾਂ ਪਹਿਲਾਂ ਪ੍ਰਵਾਨ ਕੀਤੀ ਗਈ ਸੀ; ਜੇਕਰ ਹਾਂ ਤਾਂ ਇਸ ਸਬੰਧੀ ਹੁਣ ਤੱਕ ਕੀ ਕਾਰਵਾਈ ਕੀਤੀ ਗਈ ਹੈ;

ਅ) ਕੀ ਇਹ ਠੀਕ ਹੈ ਕਿ ਫ਼ਰੀਦਕੋਟ ਵਿਖੇ ਰੀਜਨਲ ਕੈਮੀਕਲ ਐਗਜ਼ਾਮੀਨਰ ਲੈਬੋਰਟਰੀ ਦੀ ਉਸਾਰੀ ਲਈ ਸਾਦਿਕ ਰੋਡ ਉੱਪਰ ਪੁਰਾਣੀ ਜੇਲ੍ਹ ਦੇ ਨਾਲ ਬਾਬਾ ਫ਼ਰੀਦ ਯੂਨੀਵਰਸਿਟੀ ਆਫ਼ ਹੈਲਥ ਸਾਇੰਸਜ਼ ਦੀ ਖਾਲੀ ਜਗ੍ਹਾ ਨਿਰਧਾਰਤ ਕੀਤੀ ਗਈ ਸੀ ਅਤੇ ਲੋਕ ਨਿਰਮਾਣ ਵਿਭਾਗ ਵੱਲੋਂ ਇਸ ਸਬੰਧੀ ਲਗਭਗ 2.50 ਕਰੋੜ ਰੁਪਏ ਦਾ ਅਨੁਮਾਨ ਤਿਆਰ ਕੀਤਾ ਗਿਆ ਸੀ; ਜੇਕਰ ਹਾਂ ਤਾਂ ਇਸ ਪ੍ਰੋਜੈਕਟ ਦੀ ਮੌਜੂਦਾ ਸਥਿਤੀ ਕੀ ਹੈ;

ੲ) ਕੀ ਸਰਕਾਰ ਵੱਲੋਂ ਉਕਤ ਲੈਬੋਰਟਰੀ ਦੀ ਉਸਾਰੀ ਸਬੰਧੀ ਪਹਿਲਾਂ ਤਿਆਰ ਕੀਤੇ ਗਏ ਨਕਸ਼ਿਆਂ ਅਤੇ ਅਨੁਮਾਨਾਂ ਦੀ ਮੁੜ ਸਮੀਖਿਆ ਕਰਕੇ ਇਸ ਪ੍ਰੋਜੈਕਟ ਨੂੰ ਮੁੜ ਸ਼ੁਰੂ ਕਰਨ ਦਾ ਕੋਈ ਫ਼ੈਸਲਾ ਲਿਆ ਗਿਆ ਹੈ; ਜੇਕਰ ਹਾਂ ਤਾਂ ਇਸ ਨੂੰ ਕਦੋਂ ਤੱਕ ਸ਼ੁਰੂ ਅਤੇ ਮੁਕੰਮਲ ਕੀਤੇ ਜਾਣ ਦੀ ਸੰਭਾਵਨਾ ਹੈ;

ਸ) ਜੇਕਰ ਉਕਤ ਪ੍ਰੋਜੈਕਟ ਨੂੰ ਮੁੜ ਸ਼ੁਰੂ ਕਰਨ ਦਾ ਕੋਈ ਫ਼ੈਸਲਾ ਨਹੀਂ ਲਿਆ ਗਿਆ ਤਾਂ ਇਸ ਦੇ ਕੀ ਕਾਰਨ ਹਨ ਅਤੇ ਕੀ ਸਰਕਾਰ ਵੱਲੋਂ ਫ਼ਰੀਦਕੋਟ ਵਿਖੇ ਇਸ ਲੈਬੋਰਟਰੀ ਦੀ ਉਸਾਰੀ ਲਈ ਲੋੜੀਂਦੇ ਫੰਡ ਜਾਰੀ ਕਰਕੇ ਇਸ ਨੂੰ ਸਥਾਪਤ ਕਰਨ ਦੀ ਕੋਈ ਸਮਾਂ-ਸੀਮਾ ਨਿਰਧਾਰਤ ਕੀਤੀ ਜਾਵੇਗੀ?

----

**ਪਿੰਡ ਖਾਲੇਵਾਲ ਦੇ ਪੁੱਲ ਦੀ ਉਸਾਰੀ ਦਾ ਕੰਮ ਪੂਰਾ ਕਰਨਾ**

***2036 ਸ. ਹਰਦੇਵ ਸਿੰਘ ਲਾਡੀ ( ਸ਼ਾਹਕੋਟ):**

**ਲੋਕ ਨਿਰਮਾਣ** ਕੀ ਲੋਕ ਨਿਰਮਾਣ (ਭ ਤੇ ਮ) ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਇਹ ਠੀਕ ਹੈ ਕਿ ਲੋਹੀਆ ਤੋਂ ਜੱਕੋਪੁਰ ਕਲਾਂ ਰੋਡ ਦੀ ਲੰਬਾਈ 8.05 ਕਿਲੋਮੀਟਰ ਹੈ ਅਤੇ ਇਸ ਰੋਡ ਤੇ ਨਵਾਂ ਪਿੰਡ ਖਾਲੇਵਾਲ ਵਿੱਚ ਇੱਕ ਪੁੱਲ ਜਿਸ ਦੀ ਲੰਬਾਈ 120 ਮੀਟਰ ਹੈ, ਦੀ ਉਸਾਰੀ ਦਾ ਕੰਮ ਅਧੂਰਾ ਹੈ; ਜੇਕਰ ਅਜਿਹਾ ਹੋਵੇ ਤਾਂ ਕੀ ਇਸ ਰੋਡ ਨੂੰ ਪੂਰਾ ਕਰਨ ਦੀ ਕੋਈ ਤਜਵੀਜ ਸਰਕਾਰ ਦੇ ਵਿਚਾਰ ਅਧੀਨ ਹੈ; ਜੇਕਰ ਹਾਂ ਤਾਂ ਕਦੋਂ ਤੱਕ?

----

**ਹਲਕਾ ਖੇਮਕਰਨ ਵਿੱਚ ਖੇਤਾਂ ਵਿੱਚ ਪੈਣ ਵਾਲੀਆਂ ਪਾਈਪਲਾਈਨਾਂ ਦਾ ਕੰਮ ਮੁਕੰਮਲ ਕਰਨਾ**

***2071 ਸ. ਸਰਵਣ ਸਿੰਘ ਧੁੰਨ (ਖੇਮਕਰਨ):**

**ਖਾਣਾਂ ਅਤੇ ਭੂ-ਵਿਗਿਆਨ, ਜਲ ਸਰੋਤ ,ਭੂਮੀ ਅਤੇ ਪਾਣੀ ਸੰਭਾਲ ਵਿਭਾਗ** ਕੀ ਜਲ ਸਰੋਤ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਵਿਧਾਨ ਸਭਾ ਹਲਕਾ ਖੇਮਕਰਨ ਵਿੱਚ ਸਿੰਜਾਈ ਲਈ ਖੇਤਾਂ ਵਿੱਚ ਪੈਣ ਵਾਲੀਆਂ ਪਾਈਪਲਾਈਨਾਂ ਦਾ ਕੰਮ ਕਦੋਂ ਤੱਕ ਮੁਕੰਮਲ ਹੋ ਜਾਵੇਗਾ?

----

**ਜੀਰਕਪੁਰ ਤਹਿਸੀਲ ਦੇ ਪਿੰਡਾਂ ਨੂੰ ਡੇਰਾਬੱਸੀ ਤਹਿਸੀਲ ਨਾਲ ਜੋੜਨਾ**

***2059 ਸ. ਕੁਲਜੀਤ ਸਿੰਘ ਰੰਧਾਵਾ ( ਡੇਰਾ ਬੱਸੀ ):**

**ਮਾਲ, ਮੁੜ ਵਸੇਬਾ ਅਤੇ ਆਫ਼ਤ ਪ੍ਰਬੰਧਨ, ਜਲ ਸਪਲਾਈ ਅਤੇ ਸੈਨੀਟੇਸ਼ਨ,ਹਾਊਸਿੰਗ ਅਤੇ ਸ਼ਹਿਰੀ ਵਿਕਾਸ** ਕੀ ਮਾਲ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਇਹ ਠੀਕ ਹੈ ਕਿ ਹਲਕਾ ਡੇਰਾਬੱਸੀ ਦੇ ਪਿੰਡ ਸੁੰਡਰਾਂ, ਕਕਰਾਲੀ, ਪੰਡਵਾਲਾ, ਗੁਰੂ ਨਾਨਕ ਕਲੋਨੀ, ਦਫਰਪੁਰ, ਮੋਰਠੀਕਰੀ ਆਦਿ ਜਿਨ੍ਹਾਂ ਨੂੰ ਤਹਿਸੀਲ ਜੀਰਕਪੁਰ ਲੱਗਦੀ ਹੈ, ਦੇ ਲੋਕਾਂ ਨੂੰ ਆਪਣੇ ਕੰਮਾਂ ਲਈ 10-15 ਕਿਲੋਮੀਟਰ ਤੱਕ ਦੀ ਦੂਰੀ ਤੈਅ ਕਰਨੀ ਪੈਂਦੀ ਹੈ; ਜੇਕਰ ਅਜਿਹਾ ਹੋਵੇ ਤਾਂ ਕੀ ਇਨ੍ਹਾਂ ਪਿੰਡਾਂ ਨੂੰ ਤਹਿਸੀਲ ਡੇਰਾਬੱਸੀ ਨਾਲ ਜੋੜਨ ਦੀ ਕੋਈ ਤਜਵੀਜ਼ ਸਰਕਾਰ ਵਿਚਾਰ ਅਧੀਨ ਹੈ; ਜੇਕਰ ਹੈ ਤਾਂ ਕਦੋਂ ਤੱਕ ; ਵੇਰਵੇ ਸਹਿਤ ਦੱਸਿਆ ਜਾਵੇ?

----

**ਸਵੈ ਸਹਾਇਤਾ ਸਮੂਹਾਂ ਲਈ ਬੈਂਕਾਂ ਵੱਲੋਂ ਦਿੱਤੀ ਜਾਣ ਵਾਲੀ ਕਰਜ਼ਾ ਸੀਮਾ ਵਿੱਚ ਵਾਧਾ ਕਰਨਾ**

***2001 ਸ. ਮਨਜਿੰਦਰ ਸਿੰਘ ਲਾਲਪੁਰਾ (ਖਡੂਰ ਸਾਹਿਬ ):**

**ਸੈਰ-ਸਪਾਟਾ ਅਤੇ ਸੱਭਿਆਚਾਰਕ ਮਾਮਲੇ, ਕਿਰਤ, ਪ੍ਰਾਹੁਣਚਾਰੀ, ਪੇਂਡੂ ਵਿਕਾਸ ਅਤੇ ਪੰਚਾਇਤਾਂ, ਬਿਜਲੀ ਵਿਭਾਗ** ਕੀ ਪੇਂਡੂ ਵਿਕਾਸ ਅਤੇ ਪੰਚਾਇਤ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਇਹ ਠੀਕ ਹੈ ਕਿ ਪੰਜਾਬ ਵਿੱਚ ਕੰਮ ਕਰ ਰਹੇ ਸਵੈ ਸਹਾਇਤਾ ਸਮੂਹਾਂ (Self Help Groups) ਨੂੰ ਕਾਰੋਬਾਰ ਦਾ ਵਿਸਥਾਰ ਕਰਨ ਲਈ ਬੈਂਕਾਂ ਤੋਂ ਲੋੜੀਂਦੀ ਰਕਮ ਦਾ ਕਰਜ਼ਾ ਪ੍ਰਾਪਤ ਕਰਨ ਵਿੱਚ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ ਅਤੇ ਮੌਜੂਦਾ ਕਰਜ਼ਾ ਸੀਮਾ

ਵੀ ਉਨ੍ਹਾਂ ਦੀਆਂ ਲੋੜਾਂ ਦੇ ਮੁਕਾਬਲੇ ਘੱਟ ਹੈ; ਜੇਕਰ ਅਜਿਹਾ ਹੈ ਤਾਂ ਕੀ ਸਰਕਾਰ ਸਵੈ ਸਹਾਇਤਾ ਸਮੂਹਾਂ ਲਈ ਬੈਂਕਾਂ ਵੱਲੋਂ ਦਿੱਤੀ ਜਾਣ ਵਾਲੀ ਕਰਜ਼ਾ ਸੀਮਾ (Loan Limit) ਵਿੱਚ ਵਾਧਾ ਕਰਨ ਲਈ ਕੋਈ ਨੀਤੀ ਜਾਂ ਪ੍ਰਸਤਾਵ ਲਿਆਉਣ ਦਾ ਵਿਚਾਰ ਰੱਖਦੀ ਹੈ; ਜੇਕਰ ਹੈ ਤਾਂ ਕਦੋਂ ਤੱਕ; ਵੇਰਵੇ ਸਹਿਤ ਦੱਸਿਆ ਜਾਵੇ?

----

## ਜਨਤਾ ਨਗਰ, ਬਠਿੰਡਾ ਵਿਖੇ ਰੇਲਵੇ ਓਵਰ ਬ੍ਰਿਜ ਦੀ ਉਸਾਰੀ ਲਈ ਟੈਂਡਰ ਜਾਰੀ ਕਰਨਾ

***2067 ਸ. ਜਗਰੂਪ ਸਿੰਘ ਗਿੱਲ (ਬਠਿੰਡਾ ਸ਼ਹਿਰੀ):**

**ਲੋਕ ਨਿਰਮਾਣ** ਕੀ ਲੋਕ ਨਿਰਮਾਣ (ਭ ਤੇ ਮ) ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਇਹ ਠੀਕ ਹੈ ਕਿ ਜੂਨ, 2022 ਵਿੱਚ 86 ਕਰੋੜ ਰੁਪਏ ਬਠਿੰਡਾ ਦੇ ਮੁਲਤਾਨੀਆਂ ਰੋਡ ਅਤੇ ਜਨਤਾ ਨਗਰ ਦੇ ਰੇਲਵੇ ਓਵਰ ਬ੍ਰਿਜਾਂ ਲਈ ਮੰਜ਼ੂਰ ਕੀਤੇ ਗਏ ਸਨ, ਜਿਸ ਵਿੱਚੋਂ ਮੁਲਤਾਨੀਆਂ ਰੋਡ ਪੁਲ ਬਣ ਕੇ ਚਾਲੂ ਹੋ ਚੁੱਕਾ ਹੈ, ਪ੍ਰੰਤੂ ਜਨਤਾ ਨਗਰ ਰੇਲਵੇ ਓਵਰ ਬ੍ਰਿਜ ਜਿਸ ਦੇ ਸਾਲ 2022 ਦੇ ਬਜਟ ਵਿੱਚ ਪੈਸੇ ਵੀ ਮੰਜ਼ੂਰ ਹੋ ਚੁੱਕੇ ਸਨ, ਦਾ ਅਜੇ ਤੱਕ ਟੈਂਡਰ ਨਹੀਂ ਕੀਤਾ ਗਿਆ; ਜੇਕਰ ਅਜਿਹਾ ਹੋਵੇ ਤਾਂ ਇਸ ਦੇ ਕੀ ਕਾਰਨ ਹਨ ਅਤੇ ਇਸ ਦੇ ਟੈਂਡਰ ਲਾ ਕੇ ਕੰਮ ਕਦੋਂ ਤੱਕ ਸ਼ੁਰੂ ਕਰ ਦਿੱਤਾ ਜਾਵੇਗਾ?

----

## ਨਗਰ ਕੌਂਸਲ ਕੋਟਫੱਤਾ ਨੂੰ ਦਿੱਤੀ ਜਾਣ ਵਾਲੀ ਗ੍ਰਾਂਟ ਵਿੱਚ ਵਾਧਾ ਕਰਨਾ

***2062 ਸ਼੍ਰੀ ਅਮਿਤ ਰਤਨ ਕੋਟਫੱਤਾ (ਬਠਿੰਡਾ ਦਿਹਾਤੀ):**

**ਤਕਨੀਕੀ ਸਿੱਖਿਆ ਅਤੇ ਉਦਯੋਗਿਕ ਸਿਖਲਾਈ ਵਿਭਾਗ, ਉੱਚ ਸਿੱਖਿਆ ਅਤੇ ਭਾਸ਼ਾ, ਸਕੂਲ ਸਿੱਖਿਆ,ਸੂਚਨਾ ਅਤੇ ਲੋਕ ਸੰਪਰਕ, ਸਥਾਨਕ ਸਰਕਾਰਾਂ ਵਿਭਾਗ :-**

ਕੀ ਸਥਾਨਕ ਸਰਕਾਰ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

ੳ) ਪੰਜਾਬ ਸਰਕਾਰ ਵੱਲੋਂ ਨਗਰ ਕੌਂਸਲ ਕੋਟਫੱਤਾ ਨੂੰ ਵੈਟ/ਜੀ.ਐੱਸ.ਟੀ. (VAT/GST) ਦੇ ਹਿੱਸੇ ਵਜੋਂ ਮੌਜੂਦਾ ਸਮੇਂ ਵਿੱਚ ਮਹੀਨਾਵਾਰ ਕਿੰਨੀ ਰਾਸ਼ੀ ਦਿੱਤੀ ਜਾ ਰਹੀ ਹੈ, ਅਤੇ ਇਸ ਰਾਸ਼ੀ ਦਾ (ਹਿਸਾਬ-ਕਿਤਾਬ) ਕਰਨ ਲਈ ਕੀ ਮਾਪਦੰਡ ਨਿਰਧਾਰਿਤ ਕੀਤੇ ਗਏ ਹਨ;

ਅ) ਕੀ ਇਹ ਠੀਕ ਹੈ ਕਿ 10,000 ਤੋਂ ਵੱਧ ਆਬਾਦੀ ਅਤੇ 20 ਵਰਗ ਕਿਲੋਮੀਟਰ ਤੋਂ ਵੱਧ ਖੇਤਰਫਲ ਹੋਣ ਦੇ ਬਾਵਜੂਦ ਨਗਰ ਕੌਂਸਲ ਕੋਟਫੱਤਾ ਨੂੰ ਲਗਭਗ ₹ 20,000 ਪ੍ਰਤੀ ਮਹੀਨਾ ਹੀ ਪ੍ਰਾਪਤ ਹੋ ਰਹੇ ਹਨ;

ੲ) ਕੀ ਸਰਕਾਰ ਨਗਰ ਕੌਂਸਲ ਕੋਟਫੱਤਾ ਦੀ ਆਬਾਦੀ, ਭੂਗੋਲਿਕ ਖੇਤਰ, ਕਰਮਚਾਰੀਆਂ ਦੀਆਂ ਤਨਖਾਹਾਂ, ਬਿਜਲੀ ਦੇ ਬਿਲਾਂ ਅਤੇ ਹੋਰ ਜ਼ਰੂਰੀ ਖਰਚਿਆਂ ਨੂੰ ਧਿਆਨ ਵਿੱਚ ਰੱਖਦੇ ਹੋਏ ਇਸ ਦੀ ਮਹੀਨਾਵਾਰ ਗ੍ਰਾਂਟ/ਅਲਾਟਮੈਂਟ ਨੂੰ ਵਧਾਉਣ ਦੀ ਤਜਵੀਜ਼ ਰੱਖਦੀ ਹੈ; ਜੇਕਰ ਹਾਂ, ਤਾਂ ਕਦੋਂ ਤੱਕ ਅਤੇ ਜੇਕਰ ਨਹੀਂ, ਤਾਂ ਇਸ ਦੇ ਕੀ ਕਾਰਨ ਹਨ;

ਸ) ਕੀ ਸਰਕਾਰ ਕੋਈ ਵਿਸ਼ੇਸ਼ ਨੀਤੀ ਬਣਾਉਣ ਜਾਂ ਨਗਰ ਕੌਂਸਲ ਕੋਟਫੱਤਾ ਨੂੰ ਉਸੇ ਸ਼੍ਰੇਣੀ ਦੀਆਂ ਹੋਰ ਨਗਰ ਕੌਂਸਲਾਂ ਦੇ ਬਰਾਬਰ ਵਿੱਤੀ ਸਹਾਇਤਾ ਪ੍ਰਦਾਨ ਕਰਨ ਅਤੇ ਘੱਟੋ-ਘੱਟ ₹ 15 ਲੱਖ ਪ੍ਰਤੀ ਮਹੀਨਾ ਅਲਾਟ ਕਰਨ ਦੇ ਪ੍ਰਸਤਾਵ ਤੇ ਵਿਚਾਰ ਕਰਨ ਦੀ ਤਜਵੀਜ਼ ਰੱਖਦੀ ਹੈ?

----

## ਖੇਤੀਯੋਗ ਜ਼ਮੀਨ ਲਈ ਦਿੱਤੇ ਜਾਣ ਵਾਲੇ ਪਾਣੀ ਸਬੰਧੀ

***2051 ਸ਼੍ਰੀ ਸੰਦੀਪ ਜਾਖੜ (ਅਬੋਹਰ):**

**ਖਾਣਾਂ ਅਤੇ ਭੂ-ਵਿਗਿਆਨ, ਜਲ ਸਰੋਤ ,ਭੂਮੀ ਅਤੇ ਪਾਣੀ ਸੰਭਾਲ ਵਿਭਾਗ :-**

ਕੀ ਜਲ ਸਰੋਤ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ :-

ੳ) ਸਰਕਾਰ ਦੁਆਰਾ ਅਜਿਹਾ ਕਿਹੜਾ ਬਦਲਾਅ ਕੀਤਾ ਗਿਆ ਹੈ ਜਿਸ ਤਹਿਤ ਸਾਲ 2026 ਵਿੱਚ ਖੇਤੀਯੋਗ ਜ਼ਮੀਨ ਨੂੰ 80% ਪਾਣੀ ਦਿੱਤੇ ਜਾਣਾ ਹੈ, ਜਦੋਂ ਕਿ ਸਾਲ 2022 ਦੌਰਾਨ ਸਰਕਾਰ ਅਨੁਸਾਰ ਇਹ 26% ਸੀ;

ਅ) ਕੀ ਇਹ ਠੀਕ ਹੈ ਕਿ ਪਿਛਲੇ ਕਈ ਸਾਲਾਂ ਤੋਂ 3.05 ਕਿਊਸਿਕ ਪ੍ਰਤੀ 1000 ਏਕੜ ਦਾ ਫੈਕਟਰ ਹੀ ਲਾਗੂ ਹੈ; ਜੇਕਰ ਇਸ ਫੈਕਟਰ ਵਿੱਚ ਕੋਈ ਬਦਲਾਅ ਕੀਤਾ ਗਿਆ ਜਾਂ ਵਧਾਇਆ ਗਿਆ ਹੈ ਤਾਂ ਇਹ ਕਦੋਂ ਲਾਗੂ ਹੋਵੇਗਾ; ਵੇਰਵੇ ਸਹਿਤ ਦੱਸਿਆ ਜਾਵੇ?

----

## ਹਲਕਾ ਜਗਰਾਉਂ ਵਿੱਚ ਗੁਰੂ ਗੋਬਿੰਦ ਸਿੰਘ ਮਾਰਗ ਦੀ ਰੀਕਾਰਪੈੱਟਿੰਗ ਕਰਨਾ

***2028 ਸ਼੍ਰੀਮਤੀ ਸਰਵਜੀਤ ਕੌਰ ਮਾਣੂੰਕੇ (ਜਗਰਾਉਂ):**

**ਲੋਕ ਨਿਰਮਾਣ** ਕੀ ਲੋਕ ਨਿਰਮਾਣ (ਭ ਤੇ ਮ) ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਇਹ ਠੀਕ ਹੈ ਕੀ ਹਲਕਾ ਜਗਰਾਉਂ ਵਿੱਚੋਂ ਲੰਘਦੇ ਗੁਰੂ ਗੋਬਿੰਦ ਸਿੰਘ ਮਾਰਗ ਦੀ ਹਾਲਤ ਬਹੁਤ ਖਰਾਬ ਹੋ ਚੁੱਕੀ ਹੈ; ਜੇਕਰ ਅਜਿਹਾ ਹੈ ਤਾਂ ਇਸ ਦੀ ਰੀਕਾਰਪੈੱਟਿੰਗ ਜਾਂ ਨਵੀਂ ਬਣਾਉਣ ਦੀ ਕੋਈ ਤਜਵੀਜ਼ ਸਰਕਾਰ ਦੇ ਵਿਚਾਰ ਅਧੀਨ ਹੈ; ਜੇਕਰ ਹਾਂ ਤਾਂ ਕਦੋਂ ਤੱਕ?

----

## ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ ਯੋਜਨਾ ਲਈ ਅਲਾਟ ਕੀਤੇ ਬਜਟ ਦੇ ਵੇਰਵੇ

***1863 ਸ. ਪ੍ਰਤਾਪ ਸਿੰਘ ਬਾਜਵਾ (ਕਾਦੀਆਂ):**

**ਸਮਾਜਿਕ ਨਿਆਂ, ਸਸ਼ਕਤੀਕਰਨ ਅਤੇ ਘੱਟ ਗਿਣਤੀਆਂ, ਸਮਾਜਿਕ ਸੁਰੱਖਿਆ, ਮਹਿਲਾ ਅਤੇ ਬਾਲ ਵਿਕਾਸ**

ਕੀ ਸਮਾਜਿਕ ਸੁਰੱਖਿਆ,ਇਸਤਰੀ ਅਤੇ ਬਾਲ ਵਿਕਾਸ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ ਯੋਜਨਾ ਲਈ ਅਲਾਟ ਕੀਤੇ ਕੁੱਲ ਬਜਟ ਪ੍ਰਬੰਧ ਕੀ ਹਨ ਅਤੇ ਹੁਣ ਤੱਕ ਇਸ ਯੋਜਨਾ ਅਧੀਨ ਦਰਜ ਕੀਤੇ ਗਏ ਲਾਭਪਾਤਰੀਆਂ ਦੀ ਜ਼ਿਲ੍ਹਾ-ਵਾਰ ਗਿਣਤੀ ਅਤੇ ਕੀਤੀ ਗਈ ਕੁੱਲ ਵਿੱਤੀ ਅਦਾਇਗੀ ਦੇ ਵੇਰਵੇ ਕੀ ਹਨ ?

----

## ਸੁਲਤਾਨਪੁਰ ਲੋਧੀ ਬੈਲਟ ਦੇ ਪਿੰਡਾਂ ਦੀ ਜ਼ਮੀਨ ਵਿੱਚੋਂ ਲੰਘਦੀ 'ਕਾਨ੍ਹਾ ਡਰੇਨ' ਨੂੰ ਬਿਆਸ ਦਰਿਆ ਨਾਲ ਜੋੜਨਾ

***2010 ਰਾਣਾ ਇੰਦਰ ਪ੍ਰਤਾਪ ਸਿੰਘ (ਸੁਲਤਾਨਪੁਰ ਲੋਧੀ):**

**ਖਾਣਾਂ ਅਤੇ ਭੂ-ਵਿਗਿਆਨ, ਜਲ ਸਰੋਤ ,ਭੂਮੀ ਅਤੇ ਪਾਣੀ ਸੰਭਾਲ ਵਿਭਾਗ :-**

ਕੀ ਜਲ ਸਰੋਤ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ :—

ੳ) ਕੀ ਸਰਕਾਰ ਸੁਲਤਾਨਪੁਰ ਲੋਧੀ ਬੈਲਟ ਦੇ 200 ਪਿੰਡਾਂ ਦੀ ਜ਼ਮੀਨ ਵਿੱਚੋਂ ਲੰਘਦੀ 'ਕਾਨ੍ਹਾ ਡਰੇਨ' (Kanha Drain) ਨੂੰ ਬਿਆਸ ਦਰਿਆ (ਜੋ ਬਿਆਸ ਦਰਿਆ ਤੋਂ ਸਿਰਫ 2 ਕਿਲੋਮੀਟਰ ਦੂਰ ਹੈ) ਨਾਲ ਜੋੜਨ ਦੀ ਤਜਵੀਜ਼

ਰੱਖਦੀ ਹੈ ਤਾਂ ਕਿ ਜਦੋਂ ਮਾਲਵਾ ਬੈਲਟ ਵਿੱਚ ਪਾਣੀ ਦੀ ਲੋੜ ਨਹੀਂ ਹੁੰਦੀ, ਉਸ ਸਮੇਂ ਹਰ ਸਾਲ 15 ਮਾਰਚ ਤੋਂ 1 ਜੂਨ ਤੱਕ ਇਸ ਦੇ ਪਾਣੀ ਦੀ ਵਰਤੋਂ ਕੀਤੀ ਜਾ ਸਕੇ, ;

ਅ) ਜੇਕਰ ਉਪਰੋਕਤ ਭਾਗ (ੳ) ਦਾ ਉੱਤਰ ਹਾਂ ਵਿੱਚ ਹੋਵੇ ਤਾਂ ਕੀ ਸਰਕਾਰ ਉਕਤ ਖੇਤਰ ਵਿੱਚ ਧਰਤੀ ਹੇਠਲੇ ਪਾਣੀ ਦੇ ਘਟਦੇ ਪੱਧਰ ਨੂੰ ਬਚਾਉਣ ਲਈ ਮੱਕੀ ਦੀ ਬੀਜਾਈ ਕਰਨ ਵਾਲੇ ਜਾਂ ਰੀਚਾਰਜਿੰਗ ਕਰਨ ਵਾਲੇ ਉਕਤ ਪਿੰਡਾਂ ਦੇ ਕਿਸਾਨਾਂ ਨੂੰ ਇਹ ਪਾਣੀ ਮੁਹੱਈਆ ਕਰਵਾਉਣ ਤੇ ਵਿਚਾਰ ਕਰੇਗੀ?

----

**ਚੰਡੀਗੜ੍ਹ - 160001.** | **ਰਾਮ ਲੋਕ ਖਟਾਣਾ,**

**24 ਅਕਤੂਬਰ 2026.** | **ਸਕੱਤਰ**